SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property

905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public



- Immigration
- Real Estate
- Commercial Law
- Affidavit
- Power of Attorney

Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 24* Issue 110** | **Monday, 14 July 2025** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਸੇਂਟ-ਫ੍ਰਾਂਸੋਆ ਨਦੀ 'ਚੋਂ ਮਿਲੀ ਕਾਰ, ਅੰਦਰੋਂ ਇੱਕ ਲਾਸ਼ ਵੀ ਮਿਲੀ



ਮਾਂਟਰੀਅਲ, 13 ਜੁਲਾਈ (ਪੋਸਟ ਬਿਊਰੋ): ਕਿਊਬੈਕ ਵਿੱਚ ਸੇਂਟ-ਫ੍ਰਾਂਸੋਆ ਨਦੀ ਵਿੱਚ ਸ਼ੁੱਕਰਵਾਰ ਨੂੰ ਮਿਲੀ ਇੱਕ ਕਾਰ ਵਿੱਚੋਂ ਇੱਕ ਲਾਸ਼ ਬਰਾਮਦ ਹੋਈ ਹੈ। ਇਹ ਕਾਰ ਪੀਅਰੇਵਿਲ, ਕਿਊਬੈਕ ਦੇ ਸਾਬਕਾ ਸਿਟੀ ਕੌਂਸਲਰ ਯਵੋਨ ਗੁਏਵਿਨ ਦੀ ਸੀ, ਜੋ ਕਿ 11 ਸਾਲਾਂ ਤੋਂ ਲਾਪਤਾ ਹੈ। ਲਾਸ਼ ਨੂੰ ਗੱਡੀ ਵਿੱਚੋਂ ਕੱਢਿਆ ਗਿਆ ਸੀ ਅਤੇ ਕੋਰੋਨਰ ਦੇ ਦਫ਼ਤਰ ਵੱਲੋਂ ਰਸਮੀ ਤੌਰ 'ਤੇ ਇਸਦੀ ਪਛਾਣ ਕੀਤੀ ਜਾਵੇਗੀ। ਫੋਰੈਂਸਿਕ ਟੈਕਨੀਸ਼ੀਅਨ ਗੱਡੀ ਦਾ ਵਿਸ਼ਲੇਸ਼ਣ ਕਰਨਗੇ ਅਤੇ ਸੂਰੇਤੇ ਡੂ ਕਿਊਬੈਕ ਇਹ ਪਤਾ ਲਗਾਉਣ ਲਈ ਜਾਂਚ ਕਰ ਰਿਹਾ ਹੈ ਕਿ ਕਾਰ ਪਾਣੀ ਵਿੱਚ ਕਿਵੇਂ ਡਿੱਗੀ। ਅਮਰੀਕੀ ਅਤੇ ਆਸਟ੍ਰੇਲੀਆਈ ਗੋਤਾਖੋਰਾਂ ਨੇ ਨਦੀ ਦੀ ਸਤ੍ਹਾ ਤੋਂ 11 ਮੀਟਰ ਤੋਂ ਵੱਧ ਹੇਠਾਂ ਵਾਹਨ ਲੱਭਿਆ, ਜਿਸ ਨੂੰ ਲੱਭਣ ਵਿਚ ਟੀਮ ਨੂੰ ਦੋ ਦਿਨ ਲੱਗ ਗਏ।

## ਟਰੰਪ ਨੇ ਯੂਰਪੀਅਨ ਯੂਨੀਅਨ ਅਤੇ ਮੈਕਸੀਕੋ 'ਤੇ 30% ਲਗਾਇਆ ਟੈਰਿਫ, ਇੱਕ ਅਗਸਤ ਤੋਂ ਹੋਣਗੇ ਲਾਗੂ

ਵਾਸ਼ਿੰਗਟਨ, 13 ਜੁਲਾਈ (ਪੋਸਟ ਬਿਊਰੋ): ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੈਕਸੀਕੋ ਅਤੇ ਯੂਰਪੀਅਨ ਯੂਨੀਅਨ 'ਤੇ 30% ਟੈਰਿਫ ਲਗਾਉਣ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ 1 ਅਗਸਤ ਤੋਂ ਇਨ੍ਹਾਂ ਦੋਨਾਂ ਦੇਸ਼ਾਂ ਤੋਂ ਅਮਰੀਕਾ ਆਉਣ ਵਾਲੇ ਸਮਾਨ 'ਤੇ ਟੈਰਿਫ ਲਗਾਇਆ ਜਾਵੇਗਾ। ਉਨ੍ਹਾਂ ਨੇ ਆਪਣੇ 'ਟਰੂਥ ਸੋਸ਼ਲ' ਪਲੇਟਫਾਰਮ 'ਤੇ ਇਸ ਬਾਰੇ ਜਾਣਕਾਰੀ ਦਿੱਤੀ।

ਟਰੰਪ ਨੇ ਦੋਨਾਂ ਨੂੰ ਧਮਕੀ ਵੀ ਦਿੱਤੀ ਕਿ ਜੇਕਰ ਉਹ ਜਵਾਬੀ ਕਾਰਵਾਈ ਕਰਦੇ ਹਨ, ਤਾਂ ਟੈਰਿਫ ਦਰ ਹੋਰ ਵਧਾਈ ਜਾਵੇਗੀ। ਟਰੰਪ ਨੇ ਪੱਤਰ ਵਿੱਚ ਸਪੱਸ਼ਟ ਤੌਰ 'ਤੇ ਲਿਖਿਆ ਕਿ ਜੇਕਰ ਤੁਸੀਂ ਜਵਾਬੀ ਕਾਰਵਾਈ ਕਰਦੇ ਹੋ ਅਤੇ ਟੈਰਿਫ ਵਧਾਉਂਦੇ ਹੋ, ਉਹ ਜਿੰਨੇ ਪ੍ਰਤੀਸ਼ਤ ਵੀ ਹੋਵੇ, ਮੈਂ ਇਸਨੂੰ ਆਪਣੇ 30% ਵਿੱਚ ਜੋੜ ਦਿਆਂਗਾ।



ਇਹ ਉਸੇ ਤਰ੍ਹਾਂ ਦਾ ਪੱਤਰ ਹੈ ਜੋ ਟਰੰਪ ਨੇ ਦੁਨੀਆਂ ਦੇ ਕਈ ਵਪਾਰਕ ਭਾਈਵਾਲਾਂ ਨੂੰ ਭੇਜਿਆ ਹੈ, ਜਿਸ ਵਿੱਚ ਅਮਰੀਕਾ ਆਉਣ ਵਾਲੇ ਵਿਦੇਸ਼ੀ ਸਮਾਨ 'ਤੇ ਭਾਰੀ ਟੈਰਿਫ ਲਗਾਉਣ ਦੀ ਗੱਲ ਕੀਤੀ ਗਈ ਹੈ।

ਯੂਰਪੀਅਨ ਯੂਨੀਅਨ ਅਤੇ ਮੈਕਸੀਕੋ ਪਿਛਲੇ 6 ਮਹੀਨਿਆਂ ਤੋਂ ਟੈਰਿਫ ਨੂੰ ਲੈ ਕੇ ਅਮਰੀਕਾ ਨਾਲ ਗੱਲਬਾਤ ਕਰ ਰਹੇ ਸਨ। ਪਰ ਟਰੰਪ ਦੇ ਫੈਸਲੇ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਉਨ੍ਹਾਂ ਵਿਚਕਾਰ ਕੋਈ ਡੀਲ ਨਹੀਂ ਹੋ ਸਕੀ।

ਯੂਰਪੀਅਨ ਯੂਨੀਅਨ ਦੁਨੀਆਂ ਦੀ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਹੈ। ਇਸ ਵਿੱਚ ਯੂਰਪ ਦੇ 27 ਦੇਸ਼ ਸ਼ਾਮਿਲ ਹਨ। ਹਰ ਰੋਜ਼, ਅਮਰੀਕਾ ਅਤੇ ਯੂਰਪੀਅਨ ਯੂਨੀਅਨ ਵਿਚਕਾਰ ਵਪਾਰ ਲਗਭਗ $3.5 ਬਿਲੀਅਨ ਹੈ। ਮੈਕਸੀਕੋ ਅਮਰੀਕਾ ਦਾ ਸਭ ਤੋਂ ਵੱਡਾ ਵਪਾਰਕ ਭਾਈਵਾਲ ਹੈ।

## ਅਜੈਕਸ ਵਿਚ ਘਰ 'ਚ ਅੱਗ ਲੱਗਣ ਕਾਰਨ ਇੱਕ ਵਿਅਕਤੀ ਦੀ ਮੌਤ



ਟੋਰਾਂਟੋ, 13 ਜੁਲਾਈ (ਪੋਸਟ ਬਿਊਰੋ): ਅਜੈਕਸ ਵਿਖੇ ਘਰ ਵਿੱਚ ਸ਼ੁੱਕਰਵਾਰ ਸ਼ਾਮ ਨੂੰ ਅੱਗ ਲੱਗਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ। ਡਰਹਮ ਰੀਜਨਲ ਪੁਲਿਸ ਨੇ ਕਿਹਾ ਕਿ ਉਨ੍ਹਾਂ ਨੇ ਟੌਨਟਨ ਰੋਡ ਈਸਟ ਅਤੇ ਸਲੇਮ ਰੋਡ ਨੌਰਥ ਦੇ ਖੇਤਰ ਵਿੱਚ ਇੱਕ ਘਰ ਵਿੱਚ ਰਾਤ 11 ਵਜੇ ਦੇ ਕਰੀਬ ਇੱਕ ਹਥਿਆਰਬੰਦ ਵਿਅਕਤੀ ਹੋਣ ਦੀ ਸੂਚਨਾ ਮਿਲੀ ਜੋ ਆਪਣੇ ਪਰਿਵਾਰ ਦੇ ਮੈਂਬਰਾਂ ਨੂੰ ਧਮਕੀਆਂ ਦੇ ਰਿਹਾ ਸੀ।ਜਦੋਂ ਅਧਿਕਾਰੀ ਪਹੁੰਚੇ, ਤਾਂ ਉਨ੍ਹਾਂ ਨੇ ਘਰ ਨੂੰ ਅੱਗ ਲੱਗੀ ਹੋਈ ਦੇਖੀ। ਪੁਲਿਸ ਨੇ ਕਿਹਾ ਕਿ ਅਧਿਕਾਰੀਆਂ ਅਤੇ ਫਾਇਰਫਾਈਟਰਾਂ ਨੇ ਘਰ ਤੋਂ ਕਈ ਲੋਕਾਂ ਨੂੰ ਬਾਹਰ ਕੱਢਿਆ ਅਤੇ ਗੁਆਂਢੀ ਰਿਹਾਇਸ਼ਾਂ ਨੂੰ ਖਾਲੀ ਕਰਵਾ ਲਿਆ। ਇੱਕ ਵਿਅਕਤੀ ਘਰ ਦੇ ਅੰਦਰ ਮ੍ਰਿਤਕ ਪਾਇਆ ਗਿਆ। ਹੋਰ ਕਿਸੇ ਦੇ ਵੀ ਜ਼ਖ਼ਮੀ ਹੋਣ ਦੀ ਰਿਪੋਰਟ ਨਹੀਂ ਹੈ। ਵਿਅਕਤੀ ਦੀ ਪਛਾਣ ਜਾਰੀ ਨਹੀਂ ਕੀਤੀ ਗਈ ਹੈ। ਡਰੋਨ ਫੁਟੇਜ ਵਿਚ ਦੇਖੀਆ ਜਾ ਸਕਦਾ ਹੈ ਕਿ ਅੱਗ ਕਾਰਨ ਘਰ ਦੀ ਛੱਤ ਡਿੱਗ ਗਈ। ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗਾ ਹੈ।

## ਰੂਸ ਨੇ ਅਮਰੀਕਾ, ਦੱਖਣੀ ਕੋਰੀਆ ਅਤੇ ਜਾਪਾਨ ਨੂੰ ਕਿਹਾ: ਉੱਤਰੀ ਕੋਰੀਆ ਵਿਰੁੱਧ ਫੌਜੀ ਗਠਜੋੜ ਨਾ ਬਣਾਓ

ਪਿਓਂਗਯਾਂਗ, 13 ਜੁਲਾਈ (ਪੋਸਟ ਬਿਊਰੋ): ਰੂਸੀ ਵਿਦੇਸ਼ ਮੰਤਰੀ ਸਰਗੇਈ ਲਾਵਰੋਵ ਨੇ ਅਮਰੀਕਾ, ਦੱਖਣੀ ਕੋਰੀਆ ਅਤੇ ਜਾਪਾਨ ਨੂੰ ਚਿਤਾਵਨੀ ਦਿੱਤੀ ਹੈ ਕਿ ਉਹ ਉੱਤਰੀ ਕੋਰੀਆ ਨੂੰ ਨਿਸ਼ਾਨਾ ਬਣਾਉਣ ਵਾਲਾ ਕੋਈ ਸੁਰੱਖਿਆ ਗਠਜੋੜ ਜਾਂ ਫੌਜੀ ਗਠਜੋੜ ਨਾ ਬਣਾਉਣ।

ਲਾਵਰੋਵ ਉੱਤਰੀ ਕੋਰੀਆ ਦੇ ਸ਼ਹਿਰ ਵੋਨਸਾਨ ਵਿੱਚ ਸਨ। ਇਸ ਦੌਰਾਨ ਉਨ੍ਹਾਂ ਨੇ ਉੱਤਰੀ ਕੋਰੀਆ ਦੇ ਨੇਤਾ ਕਿਮ ਜੋਂਗ ਉਨ ਨਾਲ ਮੁਲਾਕ-ਾਤ ਕੀਤੀ।

ਇਸ ਤੋਂ ਇਲਾਵਾ, ਉਨ੍ਹਾਂ ਨੇ ਉੱਤਰੀ ਕੋਰੀਆ ਦੇ ਵਿਦੇਸ਼ ਮੰਤਰੀ ਚੋਈ ਸੋਨ ਨਾਲ ਵੀ ਮੁਲਾਕਾਤ ਕੀਤੀ। ਇਸ ਮੁਲਾਕਾਤ ਤੋਂ ਬਾਅਦ, ਲਾਵਰੋਵ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਅਮਰੀਕਾ, ਦੱਖਣੀ ਕੋਰੀਆ ਅਤੇ ਜਾਪਾਨ ਉੱਤਰੀ ਕੋਰੀਆ ਦੇ ਆਲੇ-ਦੁਆਲੇ ਫੌਜੀ ਮੌਜੂਦਗੀ ਵਧਾ ਰਹੇ ਹਨ। ਉਨ੍ਹਾਂ ਕਿਹਾ ਕਿ ਅਸੀਂ ਚਿਤਾਵਨੀ ਦਿੰਦੇ ਹਾਂ ਕਿ ਇਨ੍ਹਾਂ ਸਬੰਧਾਂ ਨੂੰ ਕਿਸੇ ਦੇ ਵਿਰੁੱਧ ਗਠਜੋੜ ਬਣਾਉਣ ਲਈ ਨਹੀਂ ਵਰਤਿਆ ਜਾਣਾ ਚਾਹੀਦਾ, ਭਾਵੇਂ ਉਹ ਉੱਤਰੀ ਕੋਰੀਆ ਹੋਵੇ ਜਾਂ ਰੂਸ।



ਲਾਵਰੋਵ ਸ਼ੁੱਕਰਵਾਰ ਨੂੰ ਤਿੰਨ ਦਿਨਾਂ ਦੌਰੇ 'ਤੇ ਉੱਤਰੀ ਕੋਰੀਆ ਪਹੁੰਚੇ। ਸ਼ਨੀਵਾਰ ਨੂੰ, ਉਨ੍ਹਾਂ ਨੇ ਆਪਣੇ ਉੱਤਰੀ ਕੋਰੀਆਈ ਹਮਰੁਤਬਾ ਚੋਈ ਸੋਨ ਹੂਈ ਨਾਲ ਮੁਲਾਕਾਤ ਕੀਤੀ। ਲਾਵਰੋਵ ਨੇ ਕਿਹਾ ਕਿ ਰੂਸ ਸਮਝਦਾ ਹੈ ਕਿ ਉੱਤਰੀ ਕੋਰੀਆ ਪ੍ਰਮਾਣੂ ਹਥਿਆਰ ਕਿਉਂ ਵਿਕਸਤ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਉੱਤਰੀ ਕੋਰੀਆ ਦੀ ਤਕਨਾਲਾਜੀ ਆਪਣੇ ਵਿਗਿਆਨੀਆਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ। ਅਸੀਂ ਉਨ੍ਹਾਂ ਦੀਆਂ ਇੱਛਾਵਾਂ ਦਾ ਸਤਿਕਾਰ ਕਰਦੇ ਹਾਂ।

ਰੂਸੀ ਏਜੰਸੀ ਅਨੁਸਾਰ, ਲਾਵਰੋਵ ਨੇ ਕੋਰੀਆਈ ਨੇਤਾਵਾਂ ਨਾਲ ਯੂਕਰੇਨ ਯੁੱਧ ਦੀ ਸਥਿਤੀ ਬਾਰੇ ਵੀ ਗੱਲ ਕੀਤੀ। ਉੱਤਰੀ ਕੋਰੀਆ ਨੇ ਯੂਕਰੇਨ ਯੁੱਧ ਵਿੱਚ ਰੂਸ ਨੂੰ ਸੈਨਿਕ ਅਤੇ ਹਥਿਆਰ ਪ੍ਰਦਾਨ ਕੀਤੇ ਹਨ। ਬਦਲੇ ਵਿੱਚ, ਉੱਤਰੀ ਕੋਰੀਆ ਨੂੰ ਰੂਸ ਤੋਂ ਫੌਜੀ ਅਤੇ ਆਰਥਿਕ ਮਦਦ ਮਿਲੀ ਹੈ।

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons

Call : PARESH PATEL
(Government Approved Licensed Technician)
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney



Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

ਨਵਾਂ ਘਾਹ ਲਵਾਉ | 647-784-1213
www.aaalandscaping.ca



ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ



## ਐਲਗਿਨ ਅਤੇ ਲੌਰੀਅਰ ਵਿਖੇ ਮਾਰੇ ਗਏ ਪੈਦਲ ਯਾਤਰੀਆਂ ਨੂੰ ਸ਼ਰਧਾਂਜਲੀ ਵਜੋਂ ਓਟਵਾ ਨਿਵਾਸੀ ਹੋਏ ਇਕੱਠੇ




ਓਟਾਵਾ, 13 ਜੁਲਾਈ (ਪੋਸਟ ਬਿਊਰੋ): ਓਟਾਵਾ ਨਿਵਾਸੀ ਐਲਗਿਨ ਅਤੇ ਲੌਰੀਅਰ ਵਿਖੇ ਮਾਰੇ ਗਏ ਪੈਦਲ ਯਾਤਰੀਆਂ ਨੂੰ ਸ਼ਰਧਾਂਜਲੀ ਦੇਣ ਲਈ ਲੋਕਾਂ ਦਾ ਵੱਡਾ ਇਕੱਠੇ ਹੋਇਆ। ਓਟਵਾ ਸਿਟੀ ਹਾਲ ਵਿਖੇ ਸ਼ੁੱਕਰਵਾਰ ਸ਼ਾਮ ਨੂੰ ਕਰਵਾਏ ਸਮਾਗਮ ’ਚ ਮੈਰੀਅਨ ਡੇਵਰ ਪਲਾਜ਼ਾ ਵਿਖੇ ਐਟਾਵਾਡੇਕਰ ਦੇ ਸਨਮਾਨ ਵਿੱਚ ਚਿੱਟੇ ਜੁੱਤੀਆਂ ਦੇ ਜੋੜੇ ਰੱਖੇ ਗਏ। ਉਹ 27 ਸਾਲਾਂ ਦੀ ਸੀ। ਉਸਨੇ ਥੋੜਾ ਸਮਾਂ ਪਹਿਲਾਂ ਹੀ ਇੱਥੇ ਆਪਣਾ ਸਥਾਈ ਨਿਵਾਸ ਪ੍ਰਾਪਤ ਕੀਤਾ ਸੀ ਅਤੇ ਉਹ ਆਪਣੇ ਜੱਦੀ ਘਰ ਇਕੱਲੀ ਮਾਂ ਦੀ ਮਦਦ ਕਰਦੀ ਸੀ।

2018 ਵਿੱਚ, ਉਸੇ ਚੌਰਾਹੇ 'ਤੇ ਇੱਕ ਸਾਈਕਲ ਸਵਾਰ ਦੀ ਮੌਤ ਹੋ ਗਈ ਸੀ। ਪਿਛਲੇ ਸਾਲ ਇੱਕ ਰੀਡਿਜ਼ਾਈਨ ਲਈ ਸਮਾਂ ਨਿਰਧਾਰਤ ਕੀਤਾ ਗਿਆ ਸੀ, ਪਰ ਕੰਮ ਨਹੀਂ ਹੋ ਸਕਿਆ। ਏਰੀਅਲ ਟ੍ਰੋਸਟਰ ਨੇ ਕਿਹਾ ਕਿ ਫੈਡਰਲ ਤੇ ਸੂਬਾਈ ਲਾਲ ਫੀਤਾਸ਼ਾਹੀ ਨੇ ਪ੍ਰਾਜੈਕਟ ਨੂੰ ਲਟਕਾ ਕੇ ਰੱਖਿਆ ਅਤੇ ਇਹੀ ਗੱਲ ਦੁਖੀ ਕਰਦੀ ਹੈ, ਕਿਉਂਕਿ ਜੇ ਇਹ ਪੂਰਾ ਹੋ ਜਾਂਦਾ, ਤਾਂ ਇਹ ਭਿਆਨਕ ਹਾਦਸਾ ਨਾ ਵਾਪਰਦਾ। ਸਮਾਗਮ ਦੀ



ਪ੍ਰਬੰਧਕ ਮਾਰਨਾ ਨਾਈਟਿੰਗੇਲ ਨੇ ਕਿਹਾ ਕਿ ਤੁਰੰਤ ਕਾਰਵਾਈ ਦੀ ਲੋੜ ਹੈ। ਉਨ੍ਹਾਂ ਮੰਗ ਕੀਤੀ ਕਿ ਇਹ ਯਕੀਨੀ ਬਣਾਇਆ ਜਾਵੇ ਕਿ 10, 15, 20 ਸਾਲ ਉਡੀਕ ਕਰਨ ਦੀ ਬਜਾਏ ਇਨ੍ਹਾਂ ਪ੍ਰੋਜੈਕਟਾਂ ਨੂੰ ਜਲਦੀ ਪੂਰਾ ਕੀਤਾ ਜਾਵੇ।

## ਡਾਊਨਟਾਊਨ ਗੋਲੀਬਾਰੀ ਵਿੱਚ ਮ੍ਰਿਤਕ ਔਰਤ ਦੀ ਹੋਈ ਪਛਾਣ

ਟੋਰਾਂਟੋ, 13 ਜੁਲਾਈ (ਪੋਸਟ ਬਿਊਰੋ): ਹੈਮਿਲਟਨ ਪੁਲਿਸ ਨੇ ਡਾਊਨਟਾਊਨ ਗੋਲੀਬਾਰੀ ਵਿੱਚ ਮਾਰੀ ਗਈ ਔਰਤ ਦੀ ਪਛਾਣ ਕਰ ਲਈ ਹੈ। ਪੁਲਿਸ ਦਾ ਕਹਿਣਾ ਹੈ ਕਿ ਬੇਲਿੰਡਾ ਸਰਕੋਡੀ ਸ਼ੁੱਕਰਵਾਰ ਦੁਪਹਿਰ ਨੂੰ ਡਾਊਨਟਾਊਨ ਹੈਮਿਲਟਨ ਵਿੱਚ ਆਪਣੇ ਦੋਸਤ ਨਾਲ ਸਮਾਂ ਬਿਤਾਉਣ ਤੋਂ ਬਾਅਦ ਘਰ ਜਾ ਰਹੀ ਸੀ ਜਦੋਂ ਉਸ ਦੀ ਗੋਲੀ ਲੱਗਣ ਨਾਲ ਮੌਤ ਹੋ ਗਈ। ਗੋਲੀਬਾਰੀ ਕਿੰਗ ਸਟ੍ਰੀਟ ਈਸਟ ਅਤੇ ਜੇਮਸ ਸਟ੍ਰੀਟ ਨੌਰਥ ਦੇ ਕਾਰਨਰ 'ਤੇ ਜੈਕਸਨ ਸਕੁਏਅਰ ਮਾਲ ਦੇ ਬਾਹਰ ਸ਼ਾਮ ਕਰੀਬ 5:30 ਵਜੇ ਹੋਈ।

ਪੁਲਸ ਨੇ ਕਿਹਾ ਕਿ ਸੂਚਨਾ ਤੋਂ ਬਾਅਦ ਘਟਨਾਸਥਾਨ ‘ਤੇ ਪੁੱਜੇ। ਉਨ੍ਹਾਂ ਨੂੰ ਪਹਿਲਾਂ ਇੱਕ ਵਿਅਕਤੀ ਮਿਲਿਆ। ਜੋ ਜ਼ਖ਼ਮੀ ਸੀ ਜਦਕਿ ਸਰਕੋਡੀ ਕਿੰਗ ਸਟ੍ਰੀਟ ਈਸਟ ਤੋਂ ਥੋੜਾ ਥੱਲੇ ਸੀ, ਜੋ ਗੋਲੀ ਲੱਗਣ ਨਾਲ ਜ਼ਖ਼ਮੀ ਸੀ। ਉਸਨੂੰ ਮੌਕੇ 'ਤੇ ਮ੍ਰਿਤਕ ਐਲਾਨ ਦਿੱਤਾ ਗਿਆ, ਜਦਕਿ ਜ਼ਖ਼ਮੀ ਦੂਜੇ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ। ਸ਼ੱਕੀ ਪੈਦਲ ਹੀ ਮੌਕੇ ਤੋਂ ਭੱਜ ਗਿਆ ਸੀ। ਉਸ ਦੀ ਪਛਾਣ ਬਾਰੇ ਪੁਲਸ ਨੇ ਦੱਸਿਆ ਕਿ ਉਸਦਾ ਕੱਦ ਦਰਮਿਆਨਾ ਹੈ, ਭੂਰੇ ਵਾਲ ਹਨ ਤੇ ਰੰਗ ਗੋਰਾ ਹੈ। ਆਖਰੀ ਵਾਰ ਉਸ ਨੇ ਕਾਲੀ ਟੀ-ਸ਼ਰਟ ਪਹਿਨੀ ਹੋਈ ਸੀ ਜਿਸਦੇ ਸਾਹਮਣੇ ਚਿੱਟੇ ਡਿਜ਼ਾਈਨ ਅਤੇ ਪਿੱਛੇ ਅੱਖਰ, ਨੀਲੇ ਸ਼ਾਰਟਸ, ਗੂੜ੍ਹੇ ਮੋਜ਼ੇ, ਗੂੜ੍ਹੇ ਜੁੱਤੇ ਅਤੇ ਇੱਕ ਗੂੜ੍ਹੇ ਰੰਗ ਦਾ ਮੈਡੀਕਲ-ਸ਼ੈਲੀ ਦਾ ਮਾਸਕ ਪਾਇਆ ਹੋਇਆ ਸੀ।





ਪੁਲਸ ਨੇ ਕਿਹਾ ਕਿ ਸਰਕੋਡੀ ਪਿਛਲੇ ਸਾਲ ਹੀ ਘਾਨਾ ਤੋਂ ਕੈਨੇਡਾ ਆਈ ਸੀ ਤੇ ਉਹ ਹੈਮਿਲਟਨ ਵਿੱਚ ਰਹਿ ਰਹੀ ਸੀ ਅਤੇ ਕੰਮ ਕਰ ਰਹੀ ਸੀ। ਅਧਿਕਾਰੀ ਮਾਲ ਅਤੇ ਨੇੜਲੀਆਂ ਦੁਕਾਨਾਂ ਤੋਂ ਗਵਾਹਾਂ ਅਤੇ ਨਿਗਰਾਨੀ ਵੀਡੀਓ ਦੀ ਭਾਲ ਕਰ ਰਹੇ ਹਨ। ਜਾਣਕਾਰੀ ਵਾਲੇ ਕਿਸੇ ਵੀ ਵਿਅਕਤੀ ਨੂੰ ਪੁਲਸ ਨੇ 905-546-4167 'ਤੇ ਕਤਲ ਜਾਂਚਕਰਤਾਵਾਂ ਨਾਲ ਸੰਪਰਕ ਕਰਨ ਜਾਂ ਕ੍ਰਾਈਮ ਸਟੌਪਰਜ਼ ਨਾਲ ਗੁਪਤ ਰੂਪ ਵਿੱਚ 1-800-222-8477 'ਤੇ ਸੰਪਰਕ ਕਰਨ ਦੀ ਅਪੀਲ ਕੀਤੀ ਹੈ।

## ਟੋਰਾਂਟੋ ਦੀ ਲਾਪਤਾ ਔਰਤ ਦੀ ਹਾਈਵੇਅ ਨੇੜੇ ਮਿਲੀ ਲਾਸ਼, ਇੱਕ ਵਿਅਕਤੀ ’ਤੇ ਲੱਗਾ ਕਤਲ ਦਾ ਦੋਸ਼

ਟੋਰਾਂਟੋ, 13 ਜੁਲਾਈ (ਪੋਸਟ ਬਿਊਰੋ): ਪਿਕਰਿੰਗ ਵਿੱਚ ਹਾਈਵੇਅ 401 ਨੇੜੇ ਸ਼ੁੱਕਰਵਾਰ ਸਵੇਰੇ ਟੋਰਾਂਟੋ ਦੀ ਇੱਕ ਲਾਪਤਾ ਔਰਤ ਦੀ ਲਾਸ਼ ਮਿਲਣ ਤੋਂ ਬਾਅਦ ਇੱਕ ਵਿਅਕਤੀ 'ਤੇ ਕਤਲ ਦਾ ਦੋਸ਼ ਲਾਇਆ ਗਿਆ ਹੈ। ਟੋਰਾਂਟੋ ਪੁਲਿਸ ਨੇ ਪੀੜਤਾ ਦੀ ਪਛਾਣ 67 ਸਾਲਾ ਯੂਕ ਕਵਾਨ ਚੂ ਵਜੋਂ ਕੀਤੀ ਹੈ। ਉਸਦੀ ਲਾਸ਼ ਸ਼ੁੱਕਰਵਾਰ ਨੂੰ ਕਰੀਬ 12 ਵਜੇ ਹਾਈਵੇਅ 401 ਅਤੇ ਵ੍ਹਾਈਟਸ ਰੋਡ ਦੇ ਨੇੜੇ ਅਧਿਕਾਰੀਆਂ ਨੂੰ ਮਿਲੀ ਸੀ। ਬੁੱਧਵਾਰ ਨੂੰ ਬ੍ਰਿਮਲੇ ਰੋਡ ਅਤੇ ਓਮਨੀ ਡਰਾਈਵ ਦੇ ਖੇਤਰ



ਵਿੱਚ ਉਸਦੇ ਲਾਪਤਾ ਹੋਣ ਦੀ ਰਿਪੋਰਟ ਮਿਲੀ ਸੀ।

ਪੁਲਿਸ ਨੇ ਕਿਹਾ ਹੈ ਕਿ ਉਹ ਆਦਮੀ ਪੀੜਤਾ ਨਾਲ ਕਾਮਨ ਲਾਅ ਰਿਲੇਸ਼ਨਸ਼ਿਪ ’ਚ ਸੀ। ਮੌਤ ਦਾ ਕਾਰਨ ਅਜੇ ਨਹੀਂ ਦੱਸਿਆ ਗਿਆ ਹੈ। ਇਹ ਸ਼ਹਿਰ ਦਾ ਇਸ ਸਾਲ ਦਾ 20ਵਾਂ ਕਤਲ ਹੈ। ਪੁਲਸ ਨੇ ਜਾਣਕਾਰੀ ਰੱਖਣ ਵਾਲੇ ਕਿਸੇ ਵੀ ਵਿਅਕਤੀ ਨੂੰ 416-808-7400 'ਤੇ ਜਾਂ ਕ੍ਰਾਈਮ ਸਟੌਪਰਜ਼ ਨੂੰ ਗੁਪਤ ਤੌਰ 'ਤੇ 416-222- (8477) 'ਤੇ ਸੰਪਰਕ ਕਰਨ

## ਰਾਸ਼ਟਰਪਤੀ ਨੇ ਚਾਰ ਉੱਘੀਆਂ ਸ਼ਖਸੀਅਤਾਂ ਨੂੰ ਰਾਜ ਸਭਾ ਲਈ ਕੀਤਾ ਨਾਮਜ਼ਦ



ਨਵੀਂ ਦਿੱਲੀ, 13 ਜੁਲਾਈ (ਪੋਸਟ ਬਿਊਰੋ): ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਆਪਣੀਆਂ ਸੰਵਿਧਾਨਕ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਚਾਰ ਉੱਘੀਆਂ ਸ਼ਖਸੀਅਤਾਂ ਨੂੰ ਰਾਜ ਸਭਾ ਲਈ ਨਾਮਜ਼ਦ ਕੀਤਾ ਹੈ। ਇਹ ਨਾਮਜ਼ਦਗੀਆਂ ਰਾਜ ਸਭਾ ਦੇ ਪਹਿਲਾਂ ਨਾਮਜ਼ਦ ਮੈਂਬਰਾਂ ਦੀ ਸੇਵਾਮੁਕਤੀ ਤੋਂ ਬਾਅਦ ਬਣੀਆਂ ਖਾਲੀ ਅਸਾਮੀਆਂ ਨੂੰ ਭਰਨ ਲਈ ਕੀਤੀਆਂ ਗਈਆਂ ਹਨ। ਇਸ ਸੂਚੀ ਵਿੱਚ ਉੱਜਵਲ ਦੇਵਰਾਓ ਨਿਕਮ ਦਾ ਨਾਮ ਵੀ ਸ਼ਾਮਿਲ ਹੈ।

ਰਾਜ ਸਭਾ ਲਈ ਨਾਮਜ਼ਦ ਕੀਤੀਆਂ ਗਈਆਂ ਚਾਰ ਪ੍ਰਮੁੱਖ ਸ਼ਖਸੀਅਤਾਂ ਵਿੱਚ ਵੱਖ-ਵੱਖ ਖੇਤਰਾਂ ਦੀਆਂ ਸ਼ਖਸੀਅਤਾਂ ਸ਼ਾਮਿਲ ਹਨ। ਉਜਵਲ ਦੇਵਰਾਓ ਨਿਕਮ ਇੱਕ ਪ੍ਰਸਿੱਧ ਵਿਸ਼ੇਸ਼ ਸਰਕਾਰੀ ਵਕੀਲ ਹਨ। ਉਹ ਮੁੰਬਈ ਅੱਤਵਾਦੀ ਹਮਲੇ ਅਤੇ ਹੋਰ ਕਈ ਵੱਡੇ ਮਾਮਲਿਆਂ ਸਮੇਤ ਕਈ ਉੱਚ-ਪ੍ਰੋਫਾਈਲ ਅਪਰਾਧਿਕ ਮਾਮਲਿਆਂ ਵਿੱਚ ਆਪਣੀ ਮਜ਼ਬੂਤ ਭੂਮਿਕਾ ਲਈ ਜਾਣੇ ਜਾਂਦੇ ਹਨ।

ਸੀ. ਸਦਾਨੰਦਨ ਮਾਸਤੇ ਕੇਰਲ ਦੇ ਰਹਿਣ ਵਾਲੇ ਇੱਕ ਸੀਨੀਅਰ ਸਮਾਜ ਸੇਵਕ ਅਤੇ ਸਿੱਖਿਆ



ਸ਼ਾਸਤਰੀ ਹਨ। ਉਨ੍ਹਾਂ ਨੇ ਸਮਾਜ ਸੇਵਾ ਅਤੇ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।

ਹਰਸ਼ ਵਰਧਨ ਸ਼੍ਰਿੰਗਲਾ ਭਾਰਤ ਦੇ ਸਾਬਕਾ ਵਿਦੇਸ਼ ਸਕੱਤਰ ਰਹੇ ਹਨ। ਉਹ ਭਾਰਤੀ ਕੂਟਨੀਤੀ ਅਤੇ ਵੱਖ-ਵੱਖ ਦੇਸ਼ਾਂ ਨਾਲ ਭਾਰਤ ਦੇ ਸਬੰਧਾਂ ਨੂੰ ਮਜ਼ਬੂਤ ਕਰਨ ਵਿੱਚ ਆਪਣੇ ਮਹੱਤਵਪੂਰਨ ਯੋਗਦਾਨ ਲਈ ਜਾਣੇ ਜਾਂਦੇ ਹਨ।

ਚੌਥੇ ਹਨ ਮੀਨਾਕਸ਼ੀ ਜੈਨ। ਉਹ ਇੱਕ ਉੱਘੇ ਇਤਿਹਾਸਕਾਰ ਅਤੇ ਸਿੱਖਿਆ ਸ਼ਾਸਤਰੀ ਹਨ। ਉਹ ਭਾਰਤੀ ਇਤਿਹਾਸ, ਖਾਸ ਕਰਕੇ ਸੱਭਿਆਚਾਰਕ ਅਤੇ ਧਾਰਮਿਕ ਇਤਿਹਾਸ ’ਤੇ ਆਪਣੀ ਵਿਆਪਕ ਖੋਜ ਅਤੇ ਲਿਖਣ ਲਈ ਜਾਣੇ ਜਾਂਦੇ ਹਨ।

## ਪਾਕਿਸਤਾਨ ’ਚ ਇਮਰਾਨ ਦੀ ਰਿਹਾਈ ਲਈ ਅੰਦੋਲਨ ਸ਼ੁਰੂ, ਪੀਟੀਆਈ ਪਾਰਟੀ ਦੇ ਨੇਤਾ ਲਾਹੌਰ ਵਿੱਚ ਮਿਲੇ

ਲਾਹੌਰ, 13 ਜੁਲਾਈ (ਪੋਸਟ ਬਿਊਰੋ): ਪਾਕਿਸਤਾਨ ਦੀ ਵਿਰੋਧੀ ਪਾਰਟੀ ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀਟੀਆਈ) ਨੇ ਆਪਣੇ ਸੰਸਥਾਪਕ ਅਤੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਰਿਹਾਈ ਲਈ ਦੇਸ਼ ਵਿਆਪੀ ਵਿਰੋਧ ਪ੍ਰਦਰਸ਼ਨ ਦਾ ਐਲਾਨ ਕੀਤਾ ਹੈ। ਸ਼ਨੀਵਾਰ ਨੂੰ, ਪਾਰਟੀ ਦੇ ਪ੍ਰਮੁੱਖ ਨੇਤਾ ਲਾਹੌਰ ਪਹੁੰਚੇ, ਜਿੱਥੋਂ ਅੰਦੋਲਨ ਰਸਮੀ ਤੌਰ 'ਤੇ ਸ਼ੁਰੂ ਕਰ ਦਿੱਤਾ ਗਿਆ ਹੈ।

ਖੈਬਰ ਪਖਤੂਨਖਵਾ ਦੇ ਮੁੱਖ ਮੰਤਰੀ ਅਲੀ ਅਮੀਨ ਗਾਂਦਾਪੁਰ ਨੇ ਇਸਨੂੰ ਅੰਦੋਲਨ ਦੀ ਅਧਿਕਾਰਤ ਸ਼ੁਰੂਆਤ ਕਿਹਾ ਅਤੇ ਕਿਹਾ ਕਿ



ਵਿਰੋਧ ਪ੍ਰਦਰਸ਼ਨ ਨੂੰ 5 ਅਗਸਤ ਤੱਕ ਆਪਣੇ ਸਿਖਰ 'ਤੇ ਲਿਜਾਇਆ ਜਾਵੇਗਾ।

ਸ਼ਨੀਵਾਰ ਨੂੰ, ਪੀਟੀਆਈ ਦੇ ਕਾਰਜਕਾਰੀ ਪ੍ਰਧਾਨ ਬੈਰਿਸਟਰ ਗੌਹਰ ਅਲੀ ਖਾਨ, ਕੇਪੀ ਦੇ ਮੁੱਖ ਮੰਤਰੀ ਗਾਂਦਾਪੁਰ ਅਤੇ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਮਲਿਕ ਅਹਿਮਦ ਖਾਨ ਭਚਰ ਲਾਹੌਰ ਪਹੁੰਚੇ।

ਇਸ ਤੋਂ ਪਹਿਲਾਂ, ਇਸਲਾਮਾਬਾਦ ਵਿੱਚ ਪਾਰਟੀ ਨੇਤਾਵਾਂ ਦੀ ਇੱਕ ਮੀਟਿੰਗ ਹੋਈ, ਜਿਸ ਵਿੱਚ ਪੰਜਾਬ ਵਿਧਾਨ ਸਭਾ ਤੋਂ ਮੁਅੱਤਲ ਕੀਤੇ ਗਏ 26 ਵਿਧਾਇਕਾਂ ਦੀ ਸਥਿਤੀ ਅਤੇ ਅੰਦੋਲਨ ਦੀ ਰਣਨੀਤੀ 'ਤੇ ਚਰਚਾ ਕੀਤੀ ਗਈ।


TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

Harcharan S. Grover
Chartered Accountant



ਸਾਨੂੰ ਕਾਲ ਕਰੋ ਤੇ
ਆਪਣਾ ਟੈਕਸ ਬਚਾਓ

Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ



ਕਰਜ਼ੇ ਦੀ ਸਿਰਦਰਦੀ ?
www.MakeMeDebtFree.ca

• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?

ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ

ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131



Jasbir Singh Hundal
Qualified Credit Counsellor

416-502-3100
Unit #20 - 7015 Tranmere Drive Mississauga, ON L5S 1T7

SherGill Law Firm
Barrister, Solicitor & Notary Public

Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters

Paramjit Singh Gill
(MBA,LL.B.)
Tel: 905-790-3636



2565 Steeles Ave E Unit #20, Brampton, ON L6T 4L6



Emergency Contact:
416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ

Super Visa

■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration



We do appeal for Refusal cases also
Sponsor Your Family

MacroGlobal Immigration Services Ltd.
Seema Bhayana
MEMBER ICCRC



Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

# ਗੋਰ ਸੀਨੀਅਰ ਕਲੱਬ ਬਰੈਂਪਟਨ ਨੇ ਮਨਾਇਆ ਕੈਨੇਡਾ ਡੇਅ

## ਐੱਮਪੀਪੀ ਹਰਦੀਪ ਗਰੇਵਾਲ ਅਤੇ ਵਾਰਡ ਸੱਤ ਅਤੇ ਅੱਠ ਤੋਂ ਕੌਂਸਲਰ ਰੌਡ ਪਾਵਰ ਵੀ ਵਿਸ਼ੇਸ਼ ਤੌਰ ’ਤੇ ਪਹੁੰਚੇ



ਬਰੈਂਪਟਨ, 13 ਜੁਲਾਈ (ਪੋਸਟ ਬਿਊਰੋ): ਲੰਘੇ ਸ਼ੁੱਰਕਵਾਰ ਨੂੰ ਗੋਰ ਸੀਨੀਅਰ ਕਲੱਬ ਬਰੈਂਪਟਨ ਵੱਲੋਂ ਆਪਣਾ ਸਲਾਨਾ ਕੈਨੇਡਾ ਡੇਅ ਮਨਾਇਆ ਗਿਆ। ਇਸ ਮੌਕੇ ’ਤੇ ਕਲੱਬ ਦੇ ਪ੍ਰਧਾਨ ਸੁਖਦੇਵ ਸਿੰਘ ਗਿੱਲ ਨੇ ਸਾਰਿਆਂ ਦਾ ਇਸ ਪ੍ਰੋਗਰਾਮ ਤੇ ਪਹੁੰਚਣ ’ਤੇ ਧੰਨਵਾਦ ਕੀਤਾ। ਮਾਸਟਰ ਦਰਸ਼ਨ ਸਿੰਘ ਨੇ ਕੈਨੇਡਾ ਦੇ ਇਤਿਹਾਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੈਨੇਡਾ ਇੱਕ ਬਹੁਤ ਹੀ ਸੋਹਣਾ ਤੇ ਖੁਸ਼ਹਾਲ ਦੇਸ਼ ਹੈ। ਇੱਥੇ ਜਿੱਥੇ ਵੱਖ-ਵੱਖ ਭਾਸ਼ਾਵਾਂ ਅਤੇ ਵੱਖ-ਵੱਖ ਧਰਮਾਂ ਦੇ ਲੋਕ ਰਹਿੰਦੇ ਹਨ।

ਵਾਰਡ ਸੱਤ ਅਤੇ ਅੱਠ ਤੋਂ ਕੌਂਸਲਰ ਰੌਡ ਪਾਵਰ ਅਤੇ ਹਲਕਾ ਬਰੈਂਪਟਨ ਈਸਟ ਤੋਂ ਐੱਮਪੀਪੀ ਹਰਦੀਪ ਗਰੇਵਾਲ ਵੀ ਇਸ ਮੌਕੇ ਤੇ ਸ਼ਾਮਿਲ ਹੋਏ। ਇਸ ਦੌਰਾਨ ਐੱਮਪੀਪੀ ਹਰਦੀਪ ਗਰੇਵਾਲ ਨੇ ਸਾਰੇ ਕਲੱਬ ਦਾ ਧੰਨਵਾਦ ਕੀਤਾ ਅਤੇ ਨਾਲ ਗੱਲਬਾਤ ਕੀਤੀ। ਕੌਂਸਲਰ ਰੌਡ ਪਾਵਰ ਵੱਲੋਂ ਵੀ ਸਾਰਿਆਂ ਦਾ ਧੰਨਵਾਦ ਕੀਤਾ ਗਿਆ।

ਕਲੱਬ ਵੱਲੋਂ ਸਾਰਿਆਂ ਲਈ ਖਾਣ-ਪੀਣ ਦਾ ਪ੍ਰਬੰਧ ਵੀ ਕੀਤਾ ਗਿਆ। ਇਸ ਮੌਕੇ ਅੰਤ ਵਿੱਚ ਕਲੱਬ ਦੇ ਪ੍ਰਧਾਨ ਸੁਖਦੇਵ ਸਿੰਘ ਗਿੱਲ, ਉੱਪ ਪ੍ਰਧਾਨ ਮਨਜੀਤ ਸਿੰਘ ਢੇਸੀ, ਖਜ਼ਾਨਚੀ ਨਛੱਤਰ ਸਿੰਘ ਧਾਲੀਵਾਲ, ਅਮਰੀਕ ਸਿੰਘ ਕੁਮਰੀਆ ਜਨਰਲ ਸੈਕਟਰੀ, ਮਾਸਟਰ ਦਰਸ਼ਨ ਸਿੰਘ, ਬਿਲਗਾ ਸਿੰਘ ਤੂਰ, ਗੁਰਬਖਸ਼ ਸਿੰਘ ਅਤੇ ਹੋਰ ਕਲੱਬ ਦੇ ਮੈਂਬਰ ਅਤੇ ਡਾਇਰੈਕਟਰ ਸਾਹਿਬਾਨ ਨੇ ਸਾਰਿਆਂ ਦਾ ਧੰਨਵਾਦ ਕੀਤਾ।













CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO • HOME • TRUCK • BUSINESS • LIFE • MEDICAL

ਪਾਸਪੋਰਟ / ਵੀਜਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 6000947

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

Capital DRUG TESTING
CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

## ਇੰਡੋਨੇਸ਼ੀਆ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਦੋਸ਼ ’ਚ ਤਿੰਨ ਭਾਰਤੀਆਂ ਦੀ ਮੌਤ ਦੀ ਸਜ਼ਾ ਬਰਕਰਾਰ

ਜਕਾਰਤਾ, 13 ਜੁਲਾਈ (ਪੋਸਟ ਬਿਊਰੋ): ਇੰਡੋਨੇਸ਼ੀਆ ਦੀ ਹਾਈਕੋਰਟ ਨੇ ਤਿੰਨ ਭਾਰਤੀ ਨਾਗਰਿਕਾਂ ਰਾਜੂ ਮੁਥੁਕੁਮਾਰਨ, ਸੇਲਵਾਦੁਰਾਈ ਦਿਨਾਕਰਨ ਅਤੇ ਗੋਵਿੰਦਸਾਮੀ ਵਿਮਲਕੰਦਨ ਦੀ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਦੋਸ਼ਾਂ ਵਿੱਚ ਮੌਤ ਦੀ ਸਜ਼ਾ ਨੂੰ ਬਰਕਰਾਰ ਰੱਖਿਆ ਹੈ। ਇਹ ਫੈਸਲਾ 20 ਜੂਨ 2025 ਨੂੰ ਸੁਣਾਇਆ ਗਿਆ ਸੀ।

ਭਾਰਤ ਨੇ ਇਸ ਮਾਮਲੇ 'ਤੇ ਇਤਰਾਜ਼ ਜਤਾਇਆ ਹੈ। ਇੰਡੋਨੇਸ਼ੀਆ ਵਿੱਚ ਭਾਰਤ ਦੇ ਰਾਜਦੂਤ ਸੰਦੀਪ ਚੱਕਰਵਰਤੀ ਨੇ ਇੱਕ ਅਧਿਕਾਰਤ ਬਿਆਨ ਵਿੱਚ ਕਿਹਾ ਕਿ ਸਾਨੂੰ ਇੰਡੋਨੇਸ਼ੀਆਈ ਨਿਆਂ ਪ੍ਰਣਾਲੀ ਵਿੱਚ ਵਿਸ਼ਵਾਸ ਹੈ, ਪਰ ਇਸ ਮਾਮਲੇ ਵਿੱਚ ਸਬੂਤਾਂ ਦੀ ਪੂਰੀ ਤਰ੍ਹਾਂ ਜਾਂਚ ਨਹੀਂ ਕੀਤੀ ਗਈ ਹੈ। ਮੌਤ ਦੀ ਸਜ਼ਾ ਸਿਰਫ਼ ਰੇਅਰ ਆਫ ਦ ਰੇਅਰ' ਮਾਮਲਿਆਂ ਵਿੱਚ ਹੀ ਦਿੱਤੀ ਜਾਣੀ ਚਾਹੀਦੀ ਹੈ।

ਤਿੰਨਾਂ ਭਾਰਤੀਆਂ ਨੂੰ 14 ਜੁਲਾਈ 2024 ਨੂੰ ਇੰਡੋਨੇਸ਼ੀਆ ਦੇ ਰਿਆਊ ਟਾਪੂ ਦੇ ਨੇੜੇ ਫੜਿਆ ਗਿਆ ਸੀ। ਟਾਂਜੁੰਗ ਬਾਲਈ ਕਰੀਮੁਨ ਜ਼ਿਲ੍ਹਾ ਅਦਾਲਤ ਨੇ ਪਹਿਲਾਂ ਉਨ੍ਹਾਂ ਨੂੰ ਦੋਸ਼ੀ ਠਹਿਰਾਇਆ ਸੀ ਅਤੇ ਮੌਤ ਦੀ ਸਜ਼ਾ ਸੁਣਾਈ ਸੀ, ਜਿਸ ਨੂੰ ਹਾਈਕੋਰਟ ਨੇ ਵੀ ਬਰਕਰਾਰ ਰੱਖਿਆ ਸੀ।

# ਸੈਂਡਲਵੁੱਡ ਹਾਈਟਸ ਸੀਨੀਅਰ ਕਲੱਬ ਨੇ ਕੈਨੇਡਾ ਡੇ ਮੇਲਾ ਮਨਾਇਆ




ਬਰੈਂਪਟਨ, 13 ਜੁਲਾਈ (ਸਾਜਨਦੀਪ ਸਿੰਘ): ਬੀਤੇ ਦਿਨ ਮਾਊਂਟੇਨਐਸ਼ ਪਾਰਕ ਵਿਚ ਸੈਂਡਲਵੁੱਡ ਹਾਈਟਸ ਸੀਨੀਅਰ ਕਲੱਬ ਨੇ ਕੈਨੇਡਾ ਡੇ ਮੇਲਾ ਮਨਾਇਆ। ਇਸ ਪ੍ਰੋਗਰਾਮ ਵਿੱਚ ਬਰੈਂਪਟਨ ਈਸਟ ਤੋਂ ਐੱਮ.ਪੀ ਮਨਿੰਦਰ ਸਿੱਧੂ ਦੇ ਸਟਾਫ਼ ਮੈਂਬਰ ਪਹੁੰਚੇ। ਵਾਰਡ 9 ਅਤੇ 10 ਤੋਂ ਰੀਜਨਲ ਕੌਂਸਲਰ ਗੁਰਪ੍ਰਤਾਪ ਸਿੰਘ ਤੂਰ ਵੀ ਪਹੁੰਚੇ। ਇਸ ਮੌਕੇ ਸਿਟੀ ਕੌਂਸਲਰ ਹਰਕੀਰਤ ਸਿੰਘ, ਸਕੂਲ ਟਰੱਸਟੀ ਸਤਪਾਲ ਜੌਹਲ ਵੀ ਸ਼ਾਮਿਲ ਹੋਏ। ਬਰੈਂਪਟਨ ਈਸਟ ਤੋਂ ਐੱਮਪੀਪੀ ਹਰਦੀਪ ਸਿੰਘ ਗਰੇਵਾਲ ਵੀ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋਏ। ਇਸ ਦੌਰਾਨ ਉਨ੍ਹਾਂ ਨੇ ਸਭ ਦਾ ਸਵਾਗਤ ਕਿਤਾ ਅਤੇ ਕਲੱਬ ਦਾ ਧੰਨਵਾਦ ਕਿਤਾ। ਕਲੱਬ ਵੱਲੋ ਖਾਣ-ਪੀਣ ਦਾ ਵਧੀਆ ਪ੍ਰਬੰਧ ਕੀਤਾ ਗਿਆ ਸੀ। ਹਰਦੀਪ ਗਰੇਵਾਲ ਵੱਲੋ ਆਈਸਕ੍ਰੀਮ ਟਰੱਕ ਵੀ ਲਗਾਇਆ ਗਿਆ ਸੀ। ਪ੍ਰੋਗਰਾਮ ਵਿਚ ਬੱਚਿਆਂ ਦੀਆ ਖੇਡਾਂ ਵੀ ਕਰਵਾਈਆਂ ਗਈਆਂ ਅਤੇ ਬਾਅਦ ਵਿਚ ਬੱਚਿਆਂ ਨੂੰ ਇਨਾਮ ਵੀ ਵੰਡੇ ਗਏ।

ਸੈਂਡਲਵੁੱਡ ਹਾਈਟਸ ਸੀਨੀਅਰਜ਼ ਕਲੱਬ ਦੀ ਕਮੇਟੀ ਵੱਲੋ ਸਾਰੇ ਆਏ ਹੋਏ ਪਰਿਵਾਰਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਮੰਚ ਦਾ ਸੰਚਾਲਨ ਅਜਮੇਰ ਸਿੰਘ ਪਰਦੇਸੀ ਨੇ ਕੀਤਾ। ਇਸ ਪ੍ਰੋਗਰਾਮ ਵਿਚ ਗੁਰਬਖਸ਼ ਸਿੰਘ ਮੱਲ੍ਹੀ ਜੀ ਹਾਜ਼ਿਰ ਰਹੇ।






ਕੈਨੇਡੀਅਨ ਪੰਜਾਬੀ ਪੋਸਟ
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

## ਲੜਕੀ ਦੀ ਲੋੜ

**Well settled Canada Citizen Khatri Boy,** Punjabi Vegetarian, No Drinking/smoking family, Handsome, M.Com LLB 1987 6"ft. height. Legally devorced, very short marriage. Senior service, Loan officer in Major Canada Bank. We are close knit family, requires all-caste, punjabi educated girl in Canada OR INDIA. New Comers also Considered on PR. Work permit Parents. Please Call or whattsapp +1 437-446 8681

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

## ਲੜਕੇ ਦੀ ਲੋੜ

suitable match for **Sikh Jatt Girl.** Born in Jan 1995, 5'5" tall. **working with the Government of Canada** and resides in Canada. She is a blend of modern values and traditional upbringing—cultured, respectful, and family-oriented. looking for a professionally qualified, well-settled Sikh Jatt boy from a respectable family, preferably residing in Canada. **Contact: +1 306 302 9009**

ਰਾਮਗੜ੍ਹੀਆ ਲੜਕੀਆਂ 1997/5'5" Nursing, 1996/5'5" MA, Beauty Parler Course, ਸੁੰਦਰ, ਮਿਹਨਤੀ ਲਈ Canada, USA, Australia PR/Citizen /ਲੜਕਿਆਂ ਦੀ ਲੋੜ। ਸੰਪਰਕ +919914607554 (whatsaap)

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3'', ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

# ਮਾਊਂਟੇਨਐਸ਼ ਸੀਨੀਅਰਜ਼ ਕਲੱਬ ਦੇ ਮੈਂਬਰਾਂ ਨੇ ਸੈਂਟਰਲ ਆਈਲੈਂਡ ਦਾ ਕੀਤਾ ਦੌਰਾ



ਬਰੈਂਪਟਨ, 13 ਜੁਲਾਈ (ਸਾਜਨਦੀਪ ਸਿੰਘ): ਮਾਊਂਟੇਨ ਐਸ਼ ਸੀਨੀਅਰਜ਼ ਕਲੱਬ ਦੇ ਮੈਂਬਰਾਂ ਨੇ 12 ਜੁਲਾਈ, ਸ਼ਨੀਵਾਰ ਨੂੰ ਸੈਂਟਰਲ ਆਈਲੈਂਡ ਦਾ ਦੌਰਾ ਕੀਤਾ ਅਤੇ ਹਰੇ ਰਾਮਾ ਹਰੇ ਕ੍ਰਿਸ਼ਨਾ ਉਤਸਵ ਵਿੱਚ ਸ਼ਿਰਕਤ ਕੀਤੀ। ਸਾਰੇ ਮੈਂਬਰਾਂ ਨੇ ਇਸ ਫੇਰੀ ਦਾ ਖ਼ੂਬ ਆਨੰਦ ਲਿਆ ।

## ਪੰਜਾਬ ਦੇ ਹਰ ਪਿੰਡ ਵਿੱਚ ਅਤਿ-ਆਧੁਨਿਕ ਸਟੇਡੀਅਮ ਉਸਾਰੇ ਜਾਣਗੇ, ਪਹਿਲੇ ਪੜਾਅ ਅਧੀਨ 3,083 ਸਟੇਡੀਅਮਾਂ ਦੀ ਉਸਾਰੀ ਪ੍ਰਗਤੀ ਅਧੀਨ : ਮੁੱਖ ਮੰਤਰੀ

ਚੰਡੀਗੜ੍ਹ, 13 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਸੂਬਾ ਸਰਕਾਰ ਜਲਦੀ ਪੰਜਾਬ ਭਰ ਵਿੱਚ 13,000 ਅਤਿ-ਆਧੁਨਿਕ ਸਟੇਡੀਅਮਾਂ ਦੀ ਉਸਾਰੀ ਸ਼ੁਰੂ ਕਰੇਗੀ, ਜਿਸ ਦੇ ਪਹਿਲੇ ਪੜਾਅ ਅਧੀਨ 3,083 ਅਜਿਹੇ ਸਟੇਡੀਅਮਾਂ ਦੀ ਉਸਾਰੀ ਦਾ ਕੰਮ ਪਹਿਲਾਂ ਹੀ ਚੱਲ ਰਿਹਾ ਹੈ।

ਆਪਣੀ ਸਰਕਾਰੀ ਰਿਹਾਇਸ਼ 'ਤੇ ਮੀਡੀਆ ਕਰਮੀਆਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਕਹਾਵਤ ਤੋਂ ਕੋਈ ਵੀ ਅਨਜਾਣ ਨਹੀਂ ਕਿ ਵਿਹਲਾ ਮਨ ਸ਼ੈਤਾਨ ਦਾ ਘਰ ਹੁੰਦਾ ਹੈ, ਇਸ ਲਈ ਸੂਬਾ ਸਰਕਾਰ ਵੱਲੋਂ ਪੰਜਾਬ ਦੇ ਨੌਜਵਾਨਾਂ ਦੀ ਅਥਾਹ ਊਰਜਾ ਨੂੰ ਸਕਾਰਾਤਮਕ ਪਾਸੇ ਲਾਉਣ ਲਈ ਖੇਡਾਂ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਦਾ ਉਦੇਸ਼ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਰੱਖਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਟੇਡੀਅਮ ਸੂਬੇ ਭਰ ਵਿੱਚ ਖਾਸ ਕਰਕੇ ਪਿੰਡ ਪੱਧਰ 'ਤੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨ ਵਿੱਚ ਵਧੇਰੇ ਸਹਾਈ ਹੋਣਗੇ।

ਮੁੱਖ ਮੰਤਰੀ ਨੇ ਪਿਛਲੀਆਂ ਸਰਕਾਰਾਂ ਦੀ ਆਲੋਚਨਾ ਕਰਦਿਆਂ ਕਿਹਾ ਕਿ ਕਾਂਗਰਸ ਅਤੇ ਅਕਾਲੀ-ਭਾਜਪਾ ਸਰਕਾਰਾਂ ਨੇ ਖੇਡ ਬੁਨਿਆਦੀ ਢਾਂਚੇ ਦੇ ਵਿਕਾਸ ਜਾਂ ਨੌਜਵਾਨਾਂ ਦੇ ਰੋਜ਼ਗਾਰ ਵੱਲ ਕੋਈ ਧਿਆਨ ਨਹੀਂ ਦਿੱਤਾ, ਜਿਸ ਦੇ ਨਤੀਜੇ ਵਜੋਂ ਸੂਬੇ ਭਰ ਵਿੱਚ ਨਸ਼ੇ ਦਾ ਕਾਰੋਬਾਰ ਬਿਨਾਂ ਕਿਸੇ ਰੋਕ-ਟੋਕ ਦੇ ਇੰਨੀ ਵੱਡੀ ਪੱਧਰ 'ਤੇ ਫੈਲ ਗਿਆ ਅਤੇ ਪੰਜਾਬ ਦੇ ਕਈ ਨੌਜਵਾਨ ਨਸ਼ੇ ਦੇ ਆਦੀ ਹੋ ਗਏ। ਭਗਵੰਤ ਸਿੰਘ ਮਾਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਨ੍ਹਾਂ ਦੀ



ਸਰਕਾਰ ਦੁਆਰਾ ਸ਼ੁਰੂ ਕੀਤੀ ਗਈ ਨਸ਼ਾ ਵਿਰੋਧੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਸਦਕਾ ਸੂਬੇ ਦੇ ਹਾਲਾਤ ਹੁਣ ਦਿਨ-ਬ-ਦਿਨ ਬਦਲ ਰਹੇ ਹਨ।

# 'ਯਾਦਾਂ ਵਿਰਦੀ ਦੀਆਂ' ਸਾਹਿਤਕ ਸਮਾਗਮ ਕਰਵਾਇਆ



ਲੁਧਿਆਣਾ, 13 ਜੁਲਾਈ (ਗਿਆਨ ਸਿੰਘ): ਪੰਜਾਬੀ ਭਵਨ ਲੁਧਿਆਣਾ ਵਿਖੇ ਵਿਖੇ ਸਵ: ਸਰਬਜੀਤ ਸਿੰਘ ਵਿਰਦੀ ਦੀ ਯਾਦ ਵਿੱਚ "ਯਾਦਾਂ ਵਿਰਦੀ ਦੀਆਂ" ਪਹਿਲਾ ਸਾਲਾਨਾ ਸਾਹਿਤਕ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦਾ ਆਯੋਜਨ ਚਿੰਤਨਸ਼ੀਲ ਸਾਹਿਤਧਾਰਾ ਅਤੇ ਸਿਰਜਣਧਾਰਾ ਵੱਲੋਂ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੇ ਸਹਿਯੋਗ ਨਾਲ ਕੀਤਾ ਗਿਆ। ਇਹ ਪ੍ਰੋਗਰਾਮ ਪੰਜਾਬੀ ਸਾਹਿਤ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਵੱਲੋਂ ਮਿਲੇ ਵੱਡੇ ਹੁੰਗ੍ਹਾਰੇ ਨਾਲ ਹੋਰ ਵੀ ਮਹੱਤਵਪੂਰਨ ਹੋ ਗਿਆ। ਚਿੰਤਨਸ਼ੀਲ ਸਾਹਿਤਧਾਰਾ ਦੇ ਡਾਇਰੈਕਟਰ ਮੈਡਮ ਮਨਦੀਪ ਕੌਰ ਭੰਮਰਾ, ਸਿਰਜਣਧਾਰਾ ਦੇ ਪ੍ਰਧਾਨ ਡਾ. ਗੁਰਚਰਨ ਕੌਰ ਕੋਚਰ ਅਤੇ ਉੱਘੇ ਗਾਇਕ, ਗੀਤਕਾਰ ਅਮਰਜੀਤ ਸ਼ੇਰਪੁਰੀ ਵਲੋ ਕੀਤੇ ਸਾਂਝੇ ਉਪਰਾਲੇ ਨਾਲ਼ ਉਲੀਕਿਆ ਗਿਆ। ਇਹ ਸਮਾਗਮ ਸਰਬਜੀਤ ਵਿਰਦੀ ਨਾਲ਼ ਨਿੱਘਾ ਸਨੇਹ ਰੱਖਣ ਵਾਲੇ ਸਾਹਿਤਕਾਰਾਂ, ਗੀਤਕਾਰਾਂ, ਲੇਖਕਾਂ ਦੇ ਸਹਿਯੋਗ ਨਾਲ਼ ਨੇਪਰੇ ਚਾੜ੍ਹਿਆ ਗਿਆ। ਵਿਰਦੀ ਪਰਿਵਾਰ ਨੂੰ ਸਨੇਹ ਅਤੇ ਮਾਣ ਸਤਿਕਾਰ ਦੇਣ ਹਿੱਤ ਉਲੀਕੇ ਗਏ ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਉੱਘੇ ਉਸਤਾਦ ਗਾਇਕ ਜਨਾਬ ਮੁਹੰਮਦ ਸਦੀਕ ਅਤੇ ਪੰਜਾਬ ਆਰਟਸ ਕੌਂਸਲ ਦੇ ਚੇਅਰਮੈਨ ਸਵਰਨਜੀਤ ਸਵੀ ਸਨ। ਪ੍ਰਧਾਨਗੀ ਮੰਡਲ ਵਿੱਚ ਪ੍ਰੋ ਰਵਿੰਦਰ ਸਿੰਘ ਭੱਠਲ, ਡਾ. ਗੁਲਜ਼ਾਰ ਸਿੰਘ ਪੰਧੇਰ, ਡਾ. ਗੁਰਇਕਬਾਲ ਸਿੰਘ, ਸ਼੍ਰੋਮਣੀ ਲੋਕ ਗਾਇਕ ਪਾਲੀ ਦੇਤਵਾਲੀਆ, ਅਮਰਜੀਤ ਸਿੰਘ ਟਿੱਕਾ ਅਤੇ ਗੁਰਸੇਵਕ ਸਿੰਘ ਢਿੱਲੋਂ ਸ਼ਾਮਿਲ ਸਨ। ਮੁੱਖ ਬੁਲਾਰਿਆਂ ਵਿੱਚ ਜਨਮੇਜਾ ਜੌਹਲ, ਡਾ ਫ਼ਕੀਰ ਚੰਦ ਸ਼ੁਕਲਾ, ਡਾ ਨਿਰਮਲ ਜੌੜਾ, ਡਾ. ਹਰੀ ਸਿੰਘ ਜਾਚਕ, ਅਮਰੀਕ ਸਿੰਘ ਤਲਵੰਡੀ, ਪ੍ਰਭਕਿਰਨ ਸਿੰਘ ਤੁਫ਼ਾਨ, ਰਿਟਾਇਰ ਡੀ ਪੀ ਆਰ ਓ ਗਿਆਨ ਸਿੰਘ ਸ਼ਾਮਿਲ ਸਨ।

ਮੁੱਖ ਮਹਿਮਾਨ ਜਨਾਬ ਮੁਹੰਮਦ ਸਦੀਕ ਨੇ ਵਿਰਦੀ ਵੱਲੋਂ ਕੀਤੇ ਗਏ ਸਾਹਿਤਕ ਖੇਤਰ ਦੇ ਕੰਮਾਂ ਦੀ ਬਹੁਤ ਸਲਾਹਣਾ ਕੀਤੀ ਅਤੇ ਵਿਰਦੀ ਦੇ ਅਚਾਨਕ ਵਿਛੋੜੇ ਨੇ ਸਾਡੇ ਹਿਰਦਿਆਂ ਨੂੰ ਵਲੂੰਧਰ ਕੇ ਰੱਖ ਦਿੱਤਾ। ਐਸੇ ਵਧੀਆ ਕਲਮਕਾਰ ਅਤੇ ਨੇਕ ਇਨਸਾਨ ਦੀ ਅੱਜ ਦੇ ਸਮੇਂ ਵਿੱਚ ਬਹੁਤ ਲੋੜ ਸੀ, ਜੋ ਕਿ ਸਮਾਜ ਅਤੇ ਸਾਹਿਤ ਲਈ ਬਹੁਤ ਵੱਡਾ ਘਾਟਾ ਹੈ। ਪੰਜਾਬ ਆਰਟ ਕੌਂਸਲ ਚੰਡੀਗੜ੍ਹ ਦੇ ਚੇਅਰਮੈਨ ਸਵਰਨਜੀਤ ਸਵੀ ਨੇ ਬੋਲਦੇ ਕਿਹਾ ਕਿ ਵਿਰਦੀ ਵਰਗਾ ਇਨਸਾਨ ਬਣਨਾ ਬਹੁਤ ਮੁਸ਼ਕਿਲ ਹੈ, ਵੱਡੇ ਤੋਂ ਵੱਡੇ ਸਾਹਿਤਕ ਕੰਮ ਨੂੰ ਵੀ ਕਰਨ ਤੋਂ ਕਦੇ ਨਹੀਂ ਸੀ ਝਿਜਕਦਾ, ਹਰ ਕੰਮ ਨੂੰ ਬੱਸ ਹੋ ਗਿਆ ਭਾਅ ਜੀ! ਏਡਾ ਜਿਗਰਾ, ਐਡਾ ਹੌਂਸਲਾ ਹਰ ਇੱਕ ਦੇ ਵੱਸ ਦੀ ਗੱਲ ਨਹੀਂ। ਵਿਰਦੀ ਸਾਂਝੇ ਅਤੇ ਨੇਕ ਕੰਮਾਂ ਦੀ ਖ਼ੁਦ-ਬ-ਖ਼ੁਦ ਇੱਕ ਮਿਸਾਲ ਸੀ। ਅੱਜ ਇਸ ਮਿੱਤਰ ਪਿਆਰੇ ਦੀ ਯਾਦ ਨੂੰ ਮਨਾ ਕੇ ਚਿੰਤਨਸ਼ੀਲ ਸਾਹਿਤ ਧਾਰਾ ਅਤੇ ਸਿਰਜਣਧਾਰਾ ਨੇ ਉਸ ਕਾਰਜਸ਼ੀਲ ਤੇ ਉੱਦਮੀ ਸ਼ਖ਼ਸ ਦੀ ਯਾਦ ਨੂੰ ਇੱਕ ਸਦੀਵੀ ਯਾਦ ਬਣਾ ਦਿੱਤਾ ਹੈ। ਇਸ ਕਾਰਜ ਦੇ ਲਈ ਮਨਦੀਪ ਕੌਰ ਭੰਮਰਾ, ਡਾ ਗੁਰਚਰਨ ਕੌਰ ਕੋਚਰ ਅਤੇ ਅਮਰਜੀਤ ਸ਼ੇਰਪੁਰੀ ਨੂੰ ਜਿਥੇ ਮੁਬਾਰਕਬਾਦ ਦਿੱਤੀ ਉੱਥੇ ਵਿਰਦੀ ਪ੍ਰੀਵਾਰ ਦੇ ਦੁੱਖ ਸੁੱਖ ਵਿੱਚ ਨਾਲ ਖੜ੍ਹਨ ਦਾ ਵੀ ਭਰੋਸਾ ਦਿਵਾਇਆ। ਇਸ ਮੌਕੇ ਪ੍ਰਬੰਧਕਾਂ ਵਲੋ ਵਿਰਦੀ ਦੇ ਪਰਿਵਾਰਕ ਮੈਬਰਾਂ ਦਾ ਸਨਮਾਨ ਵੀ ਕੀਤਾ ਗਿਆ।

ਉਪਰੰਤ ਵਿਰਦੀ ਦੀ ਯਾਦ ਵਿੱਚ ਕਵੀ ਦਰਬਾਰ ਵੀ ਹੋਇਆ ਜਿਸ ਵਿੱਚ ਹਾਜ਼ਰ ਸ਼ਾਇਰਾਂ ਨੇ ਆਪਣੀਆਂ ਨਵੀਆਂ ਰਚਨਾਵਾਂ ਨਾਲ ਭਰਪੂਰ ਹਾਜ਼ਰੀ ਲਗਵਾਈ। ਲੱਗਭਗ ਸਾਰੀਆਂ ਰਚਨਾਵਾਂ ਵਿਰਦੀ ਨੂੰ ਹੀ ਸਮਰਪਿਤ ਸਨ। ਇਸ ਮੌਕੇ ਤੇ ਕੌਂਸਲਰ ਨਰਿੰਦਰ ਚੌਧਰੀ, ਰਣਜੀਤ ਹਠੂਰ, ਚਰਨਜੀਤ ਸਿੰਘ, ਸਤਨਾਮ ਸਿੰਘ ਕੋਮਲ, ਬਾਪੂ ਬਲਕੌਰ ਸਿੰਘ ਗਿੱਲ, ਕੇ ਸਾਧੂ ਸਿੰਘ, ਬਲਵਿੰਦਰ ਸਿੰਘ ਸੇਖੋਂ, ਰਵਿੰਦਰ ਰਵੀ, ਰਾਜਦੀਪ ਤੂਰ, ਐਡਵੋਕੇਟ ਇੰਦਰਜੀਤ ਸਿੰਘ, ਕਵਿਤਰੀ ਗੁਰਮੀਤ ਕੌਰ, ਕੁਲਵਿੰਦਰ ਕੌਰ ਕਿਰਨ, ਜਸਪ੍ਰੀਤ ਅਮਲਤਾਸ, ਮਨਜੀਤ ਕੌਰ ਧੀਮਾਨ, ਚਰਨਜੀਤ ਸਿੰਘ ਚੰਨ ਸਮੇਤ ਲੱਗਭਗ ਸੌ ਦੇ ਕਰੀਬ ਸਾਹਿਤਕ ਪ੍ਰੇਮੀ ਸ਼ਾਮਿਲ ਸਨ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA
416-669-1423
www.purbahomes.com

## Urgently Need New Listings in Brampton/Caledon

visit: www.teamjagaujla.com



Call **JAG AUJLA**
MCNE, REAL ESTATE BROKER
DIR: 416-371-7777
j.aujla@rogers.com www.jagaujla.com

## CALL JAG FOR A QUICK & FREE HOME EVALUATION
www BramptonTopRealtor.com www BramptonTopAgent.com

## URGENTLY NEED NEW LISTINGS IN THIS AREA
## RECENTLY LISTED/SOLD IN YOUR NEIGHBOURHOOD BY JAG AUJLA

**NEW Listing in *BRAMPTON***
James Potter/Queen/Bonnie Brae
Approx. 3000-3500 sq.ft. ਡਿਟੈਚਡ ਹਾਊਸ, 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੇਂਟ,6 ਕਾਰ ਪਾਰਕਿੰਗ। No ਕਾਰਪੇਟ। Double Door Entry, ਕੀੱਚਨ with Granite ਕਾਊਂਟਰਟੋਪ। Oak staircase, ਮਾਸਟਰ ਬੈਡਰੂਮ with 5-ਪੀਸ ਇਨਸੂਇਟ, All Bdrms connected to Wash Rms.

**NEW Listing in *BRAMPTON***
Creditview Rd & Queen St
Approx. 2000 sq.ft. ਟਾਊਨ-ਹਾਊਸ, 4 ਬੈਡਰੂਮ, 3 ਵਾਸ਼ਰੂਮ, 2 ਕਾਰ ਪਾਰਕਿੰਗ। No ਕਾਰਪੇਟ। Eat-in ਕੀੱਚਨ with Granite ਕਾਊਂਟਰਟੋਪ with S/S Appliances. ਮਾਸਟਰ ਬੈਡਰੂਮ with Walk-in ਕਲੋਜਿਟ। Spacious Living Rm & Bed Rms, Laundary on 2nd ਫਲੋਰ। Close to Hwy 407 & 401.

**FOR RENT in *BRAMPTON***
Castlemore/The Gore Rd/Cottrelle
2000 sq.ft. ਸੈਮੀ-ਡਿਟੈਚਡ ਹਾਊਸ 4 ਬੈਡਰੂਮ + 3 ਵਾਸ਼ਰੂਮ, Hardwood Floor, ਮਾਸਟਰ ਬੈਡਰੂਮ with 4-ਪੀਸ ਇਨਸੂਇਟ,Walk-in ਕਲੋਜਿਟ। Oak staircase, No ਕਾਰਪੇਟ। Eat-in ਕੀੱਚਨ with S/S appliances. 3 ਕਾਰ ਪਾਰਕਿੰਗ। Close to Asian Food Plaza, buses, hwy's & more.

**FOR RENT in *BRAMPTON***
Castlemore/Humberwest/Airport
1600sq.ft. ਸੈਮੀ-ਡਿਟੈਚਡ ਹਾਊਸ, 3 ਬੈਡਰੂਮ + 3 ਵਾਸ਼ਰੂਮ, 3 ਕਾਰ ਪਾਰਕਿੰਗ, Hardwood Floor, Oak staircase, No ਕਾਰਪੇਟ। Eat-in ਕੀੱਚਨ with S/S appliances. Laundary on 2nd ਫਲੋਰ। Close to Buses, Plaza, School & Amenties.

**NEW Listing in *MISSISSAUGA***
Hurontario St/Eglington Ave/Nahani Way
700-799 sq.ft. ਅਪਾਰਟਮੈਂਟ, 2 ਬੈਡਰੂਮ +2 ਵਾਸ਼ਰੂਮ, 9ft. ceiling, Modern ਕੀੱਚਨ, New ਲੈਂਮੀਨੇਟ ਫਲੋ, 1 Underground ਪਾਰਕਿੰਗ, ਸਾਰੀਆਂ ਸਹੂਲਤਾਂ ਦੇ ਕੋਲ। Close to Hwy 401 & 403. Close to Square One Mall, Hospital, Plazas, Restaurants, Public Transits, Schools & more.

**NEW Listing in *MISSISSAUGA***
Ridgeway Dr./The Collegeway
1200-1399 sq.ft. ਟਾਊਨ-ਹਾਊਸ, 2 ਬੈਡਰੂਮ + 3 ਵਾਸ਼ਰੂਮ, 1 Underground ਪਾਰਕਿੰਗ + Huge Rooftop Patio, ਮਾਸਟਰ ਬੈਡਰੂਮ with 4-ਪੀਸ ਇਨਸੂਇਟ ਅਤੇ Walk-in ਕਲੋਜਿਟ, Eat-in ਕੀੱਚਨ with Quartz ਕਾਊਂਟਰਟੋਪ। Stainless Steel Appl. Close to Major Hwy 403 , 407,401 & QEW.

**FOR RENT in *TORONTO***
Dundas St./Church St.
665sq.ft. Brand-New ਅਪਾਰਟਮੈਂਟ, 2 ਬੈਡਰੂਮ + 2 ਵਾਸ਼ਰੂਮ (Spa inspired), Modern ਕੀੱਚਨ, *Unbeatable location* Steps to Yonge-Dundas Square, Eaton Centre, and Toronto Metropolitan University, Bus stop at door step.

## FREE

- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage (Independently Owned and Operated)
Off: 905-456-3232
*(Based on units sold & commissions)** *Some Conditions Apply.
*Seller* & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price

Call **JAG AUJLA** DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT



The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verification.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

**Rexdale Financial Services**






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017